# ਦਫਤਰ ਜ਼ਿਲ੍ਹਾ ਪ੍ਰੋਗਰਾਮ ਅਫਸਰ, ਲੁਧਿਆਣਾ

ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ

ਸਮਾਜ ਭਲਾਈ ਕੰਪਲੈਕਸ, ਨੇੜੇ ਗਿੱਲ ਨਹਿਰ, ਸ਼ਿਮਲਾਪੁਰੀ, ਲੁਧਿਆਣਾ।

ਈ-ਮੇਲ: dpoldh@punjab.gov.in

ਨਵੀਂ ਸਵੇਰ ਵੱਲ
Toward a New Dawn

# ਪਬਲਿਕ ਨੋਟਿਸ

ਡਾਇਰੈਕਟੋਰੇਟ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ, ਚੰਡੀਗੜ੍ਹ ਦੇ ਇਸ਼ਤਿਹਾਰ ਨੰ. DPR/Pb/5027 ਮਿਤੀ 03.06.2021 ਰਾਹੀਂ ਪੰਜਾਬ ਰਾਜ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚ 1170 ਆਂਗਨਵਾੜੀ ਵਰਕਰਾਂ, 82 ਮਿੰਨੀ ਆਂਗਨਵਾੜੀ ਵਰਕਰਾਂ ਅਤੇ 3229 ਆਂਗਨਵਾੜੀ ਹੈਲਪਰਾਂ ਦੀਆਂ ਖਾਲੀ ਅਸਾਮੀਆਂ ਬਾਰੇ ਇਸ਼ਤਿਹਾਰ ਦਿੱਤਾ ਗਿਆ ਸੀ ਜਿਸ ਵਿੱਚ **ਲੁਧਿਆਣਾ** ਜ਼ਿਲ੍ਹੇ ਦੀਆਂ **119 ਆਂਗਨਵਾੜੀ ਵਰਕਰਾਂ, 21 ਮਿੰਨੀ ਆਂਗਨਵਾੜੀ ਵਰਕਰਾਂ ਅਤੇ 319 ਆਂਗਨਵਾੜੀ ਹੈਲਪਰਾਂ** ਲਈ ਅਰਜ਼ੀਆਂ ਮੰਗੀਆਂ ਗਈਆਂ ਸੀ। ਦਿੱਤੇ ਗਏ ਇਸ਼ਤਿਹਾਰ ਵਿੱਚ ਇਨ੍ਹਾਂ ਅਸਾਮੀਆਂ ਨੂੰ ਅਪਲਾਈ ਕਰਨ ਦੀ ਆਖਰੀ ਮਿਤੀ 03.07.2021 ਦੱਸੀ ਗਈ ਸੀ। ਹੁਣ ਡਾਇਰੈਕਟਰੋਰੇਟ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ, ਚੰਡੀਗੜ੍ਹ ਦੇ ਪਬਲਿਕ ਨੋਟਿਸ ਨੰ. DPR/Pb/5027 ਰਾਹੀਂ ਇਨ੍ਹਾਂ ਅਸਾਮੀਆਂ ਲਈ ਅਰਜ਼ੀਆਂ ਪ੍ਰਾਪਤ ਕਰਨ ਦੀ ਆਖਰੀ ਮਿਤੀ ਵਿੱਚ **30.07.2021** ਤੱਕ ਵਾਧਾ ਕੀਤਾ ਗਿਆ ਹੈ। ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਸੂਚਿਤ ਕੀਤਾ ਜਾਂਦਾ ਹੈ ਕਿ ਯੋਗ ਬਿਨੈਕਾਰ ਆਪਣੀਆਂ ਅਰਜ਼ੀਆਂ ਮਿਤੀ **30.07.2021** ਤੱਕ ਅਪਲਾਈ ਕਰ ਸਕਦੇ ਹਨ। ਪਹਿਲਾਂ ਤੋਂ ਅਪਲਾਈ ਕਰ ਚੁੱਕੇ ਬਿਨੈਕਾਰਾਂ ਨੂੰ ਮੁੜ ਤੋਂ ਅਪਲਾਈ ਕਰਨ ਦੀ ਜ਼ਰੂਰਤ ਨਹੀਂ ਹੋਵੇਗੀ।

**ਨੋਟ:** ਬਿਨੈਕਾਰ ਆਪਣੀਆਂ ਅਰਜ਼ੀਆਂ ਆਪਣੇ ਬਲਾਕ ਨਾਲ ਸਬੰਧਤ ਬਾਲ ਵਿਕਾਸ ਪ੍ਰੋਜੈਕਟ ਅਫਸਰ ਦੇ ਦਫਤਰ ਵਿੱਚ ਹੀ ਜਮ੍ਹਾਂ ਕਰਵਾਉਣ।

ਗੁਲਬਹਾਰ ਸਿੰਘ

**ਜ਼ਿਲ੍ਹਾ ਪ੍ਰੋਗਰਾਮ ਅਫਸਰ**

**ਲੁਧਿਆਣਾ**